ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਭਾਰਤ ਦਾ ਦੌਰਾ ਕੀਤਾ

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਦੇ ਸੱਦੇ 'ਤੇ, ਅਮਰੀਕੀ ਵਿਦੇਸ਼ ਮੰਤਰੀ ਸ਼੍ਰੀ ਮਾਰਕੋ ਰੂਬੀਓ ਨੇ 20-21 ਅਕਤੂਬਰ 2026 ਨੂੰ ਭਾਰਤ ਦਾ ਦੌਰਾ ਕੀਤਾ।। ਵਿਦੇਸ਼ ਮੰਤਰੀ ਰੂਬੀਓ ਦਾ ਇਹ ਭਾਰਤ ਦਾ ਦੂਜਾ ਦੌਰਾ ਸੀ। ਉਨ੍ਹਾਂ ਨੇ ਪਹਿਲਾਂ ਮਈ 2026 ਵਿੱਚ ਨਵੀਂ ਦਿੱਲੀ ਦਾ ਦੌਰਾ ਕੀਤਾ ਸੀ।।

2. ਮੁੰਬਈ ਦੇ ਦੌਰੇ ਦੌਰਾਨ, ਦੋਵਾਂ ਧਿਰਾਂ ਨੇ ਭਾਰਤ-ਅਮਰੀਕਾ ਸਬੰਧਾਂ ਦੇ ਸਮੁੱਚੇ ਪਹਿਲੂਆਂ ਦੀ ਸਮੀਖਿਆ ਕੀਤੀ ਅਤੇ ਵਿਆਪਕ ਗਲੋਬਲ ਰਣਨੀਤਿਕ ਸਾਂਝੇਦਾਰੀ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ।

3. ਦੋਵਾਂ ਧਿਰਾਂ ਨੇ ਵਪਾਰ, ਰੱਖਿਆ, ਤਕਨਾਲੋਜੀ ਅਤੇ ਊਰਜਾ ਸੁਰੱਖਿਆ ਸਮੇਤ ਕਈ ਖੇਤਰਾਂ 'ਤੇ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਭਾਰਤ-ਅਮਰੀਕਾ ਦੁਵੱਲੇ ਵਪਾਰ ਸਮਝੌਤੇ (BTA) 'ਤੇ ਗੱਲਬਾਤ ਵਿੱਚ ਹੋਈ ਪ੍ਰਗਤੀ ਦਾ ਸਵਾਗਤ ਕੀਤਾ ਅਤੇ ਇਸਨੂੰ ਜਲਦੀ ਨੇਪਰੇ ਚਾੜ੍ਹਨ ਲਈ ਕੰਮ ਕਰਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਨੇ ਖੇਤਰੀ ਅਤੇ ਵਿਸ਼ਵ ਪੱਧਰੀ ਘਟਨਾਕ੍ਰਮਾਂ ਬਾਰੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

4. ਵਿਦੇਸ਼ ਮੰਤਰੀ ਨੇ ਅਮਰੀਕੀ ਰਾਜਦੂਤ ਵਲੋਂ ਕਰਵਾਏ ਯੂ.ਐਸ. ਫ੍ਰੀਡਮ 250 ਰੀਸੈਪਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਵੀ ਸ਼ਿਰਕਤ ਕੀਤੀ।।

5. ਇਹ ਦੌਰਾ ਦੋਵਾਂ ਦੇਸ਼ਾਂ ਵਿਚਕਾਰ ਉੱਚ-ਪੱਧਰੀ ਆਦਾਨ-ਪ੍ਰਦਾਨ ਦੀ ਨਿਰੰਤਰਤਾ ਨੂੰ ਪ੍ਰਗਟ ਕਰਦਾ ਹੈ, ਜੋ 21ਵੀਂ ਸਦੀ ਲਈ ਭਾਰਤ-ਅਮਰੀਕਾ ਕੰਪੈਕਟ ਨੂੰ ਹੋਰ ਅੱਗੇ ਵਧਾਉਣ ਲਈ ਦੋਵੇਂ ਧਿਰਾਂ ਵਲੋਂ ਦਿੱਤੇ ਜਾਂਦੇ ਮਹੱਤਵ ਨੂੰ ਦਰਸਾਉਂਦਾ ਹੈ।।

ਮੁੰਬਈ

20 ਅਕਤੂਬਰ 2026